ਬਸੰਤੁ ਮਹਲਾ ੩ ॥ ਤਿਨ੍ ਬਸੰਤੁ ਜੋ ਹਰਿ ਗੁਣ ਗਾਇ ॥ ਪੂਰੈਭਾਗਿ ਹਰਿ ਭਗਤਿ ਕਰਾਇ ॥੧॥ ਇਸੁ ਮਨ ਕਉ ਬਸੰਤ ਕੀ ਲਗੈ ਨ ਸੋਇ ॥ ਇਹੁ ਮਨੁ ਜਲਿਆ ਦੂਜੈ ਦੋਇ ॥੧॥ ਰਹਾਉ ॥ ਇਹੁ ਮਨੁ ਧੰਧੈ ਬਾਂਧਾ ਕਰਮ ਕਮਾਇ ॥ ਮਾਇਆ ਮੂਠਾ ਸਦਾ ਬਿਲਲਾਇ ॥੨॥ ਇਹੁ ਮਨੁ ਛੂਟੈ ਜਾਂ ਸਤਿਗੁਰੁ ਭੇਟੈ ॥ ਜਮਕਾਲ ਕੀ ਫਿਰਿ ਆਵੈ ਨ ਫੇਟੈ ॥੩॥ ਇਹੁ ਮਨੁ ਛੂਟਾ ਗੁਰਿ ਲੀਆ ਛਡਾਇ ॥ ਨਾਨਕ ਮਾਇਆ ਮੋਹੁ ਸਬਦਿ ਜਲਾਇ ॥੪॥੪॥੧੬॥ {ਪੰਨਾ 1176}

ਪਦਅਰਥ:- ਬਸੰਤੁ—ਆਤਮਕ ਖਿੜਾਉ। ਜੋ—ਜਿਹੜਾ ਜਿਹੜਾ ਮਨੁੱਖ {ਇਕ-ਵਚਨ}। ਗਾਇ—ਗਾਂਦਾ ਹੈ {ਇਕ-ਵਚਨ}। ਪੂਰੈ ਭਾਗਿ—ਵੱਡੀ ਕਿਸਮਤ ਨਾਲ। ਕਰਾਇ—ਕਰਾਂਦਾ ਹੈ।1।

ਧੰਧੈ—ਧੰਧੇ ਵਿਚ। ਬਾਂਧਾ—ਬੱਝਾ ਹੋਇਆ। ਮੂਠਾ—ਠੱਗਿਆ ਹੋਇਆ, ਲੁੱਟਿਆ ਹੋਇਆ। ਬਿਲਲਾਇ—ਵਿਲਕਦਾ ਹੈ, ਦੁਖੀ ਹੁੰਦਾ ਹੈ।2।

ਛੂਟੈ—(ਮਾਇਆ ਦੇ ਪੰਜੇ ਤੋਂ) ਬਚਦਾ ਹੈ। ਜਾ—ਜਦੋਂ। ਭੇਟੈ—ਮਿਲਦਾ ਹੈ। ਜਮ ਕਾਲ—ਮੌਤ, ਆਤਮਕ ਮੌਤ। ਫੇਟੈ—ਸੱਟ ਹੇਠ, ਮਾਰ ਵਿਚ।3।

ਗੁਰਿ—ਗੁਰੂ ਨੇ। ਸਬਦਿ—ਸ਼ਬਦ ਦੀ ਰਾਹੀਂ। ਜਲਾਇ—ਸਾੜ ਦੇਂਦਾ ਹੈ।4।

ਅਰਥ:- ਹੇ ਭਾਈ! (ਜਿਸ ਮਨੁੱਖ ਦਾ) ਇਹ ਮਨ ਮਾਇਆ ਦੇ ਮੋਹ ਵਿਚ (ਫਸ ਕੇ) ਮੇਰ-ਤੇਰ ਵਿਚ (ਫਸ ਕੇ) ਆਤਮਕ ਮੌਤ ਸਹੇੜ ਲੈਂਦਾ ਹੈ (ਉਸ ਮਨੁੱਖ ਦੇ) ਇਸ ਮਨ ਨੂੰ ਆਤਮਕ ਖਿੜਾਉ ਦੀ ਛੁਹ ਹਾਸਲ ਨਹੀਂ ਹੁੰਦੀ।1। ਰਹਾਉ।

ਹੇ ਭਾਈ! ਜਿਹੜਾ ਜਿਹੜਾ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ, ਉਹਨਾਂ ਦੇ ਅੰਦਰ ਆਤਮਕ ਖਿੜਾਉ ਬਣਿਆ ਰਹਿੰਦਾ ਹੈ। (ਪਰ ਜੀਵ ਦੇ ਵੱਸ ਦੀ ਗੱਲ ਨਹੀਂ ਹੈ) ਵੱਡੀ ਕਿਸਮਤ ਨਾਲ ਪਰਮਾਤਮਾ (ਆਪ ਹੀ ਜੀਵ ਪਾਸੋਂ) ਭਗਤੀ ਕਰਾਂਦਾ ਹੈ।1।

ਹੇ ਭਾਈ! ਜਿਸ ਮਨੁੱਖ ਦਾ ਇਹ ਮਨ ਮਾਇਆ ਦੇ ਧੰਧੇ ਵਿਚ ਬੱਝਾ ਰਹਿੰਦਾ ਹੈ (ਤੇ ਇਸ ਹਾਲਤ ਵਿਚ ਟਿਕਿਆ ਰਹਿ ਕੇ) ਕਰਮ ਕਮਾਂਦਾ ਹੈ, ਮਾਇਆ (ਦਾ ਮੋਹ) ਉਸ ਦੇ ਆਤਮਕ ਜੀਵਨ ਨੂੰ ਲੁੱਟ ਲੈਂਦਾ ਹੈ, ਉਹ ਸਦਾ ਦੁਖੀ ਰਹਿੰਦਾ ਹੈ।2।

ਹੇ ਭਾਈ! ਜਦੋਂ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ ਤਦੋਂ ਮਨੁੱਖ ਦਾ ਇਹ ਮਨ (ਮਾਇਆ ਦੇ ਮੋਹ ਦੇ ਪੰਜੇ ਵਿਚੋਂ) ਬਚ ਨਿਕਲਦਾ ਹੈ। ਫਿਰ ਉਹ ਆਤਮਕ ਮੌਤ ਦੀ ਮਾਰ ਦੇ ਕਾਬੂ ਨਹੀਂ ਆਉਂਦਾ।3।

ਪਰ, ਹੇ ਭਾਈ! (ਮਾਇਆ ਦੇ ਮੋਹ ਵਿਚੋਂ ਨਿਕਲਣਾ ਜੀਵ ਦੇ ਆਪਣੇ ਵੱਸ ਦੀ ਗੱਲ ਨਹੀਂ, ਜਿਸ ਮਨੁੱਖ ਨੂੰ) ਗੁਰੂ ਨੇ (ਮਾਇਆ ਦੇ ਪੰਜੇ ਵਿਚੋਂ) ਛਡਾ ਲਿਆ, ਉਸ ਦਾ ਇਹ ਮਨ (ਮਾਇਆ ਦੇ ਮੋਹ ਤੋਂ) ਬਚ ਗਿਆ। ਹੇ ਨਾਨਕ! ਉਹ ਮਨੁੱਖ ਮਾਇਆ ਦੇ ਮੋਹ ਨੂੰ ਗੁਰੂ ਦੇ ਸ਼ਬਦ ਦੀ ਸਹਾਇਤਾ ਨਾਲ ਸਾੜ ਦੇਂਦਾ ਹੈ।4। 16।